The true picture of your local community
NZ ਤਸਵੀਰ NEWS
www.nztasveernews.co.nz | ਪੰਜਾਬੀ ਅਖ਼ਬਾਰ | NZ Tasveer News
ਆਨਲਾਈਨ ਈ-ਪੇਪਰ
ਵਿਚ ਇਸ਼ਤਿਹਾਰ
ਦੇਣ ਲਈ
ਸੰਪਰਕ ਕਰੋ
09 390 4644

The true picture of your local community
NZ ਤਸਵੀਰ NEWS
www.nztasveernews.co.nz || ਪੰਜਾਬੀ ਅਖ਼ਬਾਰ || NZ Tasveer News

0800 CLEANUS
RED CLEANING
Old & New Build House Cleaning (Inside & Outside)
Home Cleaning
Carpet Cleaning
Floor Polishing
Water Blaster
Lawn Mowing
Carpet Cleaning 3 Bedroom $ 100
ਹੋਮ ਕਲੀਨਿੰਗ
ਕਾਰਪੇਟ ਕਲੀਨਿੰਗ
ਫਲੋਰ ਪੋਲਿਸ਼ਿੰਗ
ਵਾਟਰ ਬਲਾਸਟਰ
ਲਾਅਨ ਮੂਵਿੰਗ
ਘਰਾਂ ਜਾਂ ਆਫਿਸ ਵਿਚ ਕਾਰਪੇਟ ਕਲੀਨਿੰਗ ਜਾਂ ਵਿੰਡੋਜ਼ ਕਲੀਨਿੰਗ ਲਈ ਅੱਜ ਹੀ ਸੰਪਰਕ ਕਰੋ
CONTACT RAJ : 021874702, 0226554227
www.redcleaning.co.nz

22 March 2021, Daily, editornztasveer@gmail.com designnztasveer@gmail.com Ph/Fax: 09 390 4644

# ਪ੍ਰਧਾਨ ਮੰਤਰੀ ਵੱਲੋਂ ਪਹਿਲੇ ਸਿੱਖ ਸਪੋਰਟਸ ਕੰਪਲੈਕਸ ਦਾ ਕੀਤਾ ਗਿਆ ਉਦਘਾਟਨ

## ☛ ਪਹਿਲੇ ਸਿੱਖ ਸਪੋਰਟਸ ਕੰਪਲੈਕਸ ਦੀ ਉਸਾਰੀ 'ਤੇ ਆਈ 25 ਮਿਲੀਅਨ ਡਾਲਰ ਦੀ ਲਾਗਤ

## ☛ 30 ਮੈਂਬਰ ਪਾਰਲੀਮੈਂਟ, 5 ਮੰਤਰੀਆਂ ਤੋਂ ਇਲਾਵਾ 180 ਦੇ ਕਰੀਬ ਵੱਡੀਆਂ ਸ਼ਖਸੀਅਤਾਂ ਪਹੁੰਚੀਆਂ

## ਸਿੱਖ ਭਾਈਚਾਰਾ ਦੇ ਸਮਾਗਮਾਂ ਵਿਚ ਸ਼ਾਮਲ ਹੋ ਕੇ ਮੈਂ ਆਪਣੇ ਆਪ ਨੂੰ ਵਡਭਾਗਾ ਸਮਝਦੀ ਹਾਂ : ਜੈਸ਼ਿੰਦਾ ਆਰਡਰਨ



ਆਕਲੈਂਡ (ਐਨ. ਜ਼ੈਡ. ਤਸਵੀਰ) : ਨਿਊਜ਼ੀਲੈਂਡ ਵਾਸੀਆਂ ਦੇ ਬਹੁਤ ਚਿਰਾਂ ਤੋਂ ਕੀਤੀ ਜਾ ਰਹੀ ਮੰਗ 'ਸਿੱਖ ਸਪੋਰਟਸ ਕੰਪਲੈਸ' ਦੀ ਮੰਗ ਬੀਤੇ ਕੱਲ ਪੂਰੀ ਹੋ ਗਈ। ਇਸ ਮੌਕੇ ਪ੍ਰਧਾਨ ਮੰਤਰੀ ਜੈਸ਼ਿੰਦਾ ਆਰਡਨ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੁਪਰੀਮ ਸਿੱਖ ਸੁਸਾਇਟੀ ਦੇ ਬੁਲਾਰੇ ਦਲਜੀਤ ਸਿੰਘ ਨੇ ਦੱਸਿਆ ਕਿ ਸੰਗਤਾਂ ਦੇ ਸਹਿਯੋਗ ਨਾਲ ਤਕਰੀਬਨ 10 ਮਿਲੀਅਨ ਡਾਲਰ ਦੀ ਰਾਸ਼ੀ ਨਾਲ ਇਹ ਕੰਪਲੈਕਸ ਤਿਆਰ ਕੀਤਾ ਗਿਆ ਹੈ। ਇਸ ਵਿਚ ਫੁੱਟਬਾਲ ਗਰਾਊਂਡ, ਹਾਕੀ ਗਰਾਊਂਡ, ਵਾਲੀਬਾਲ ਕੋਟ, ਬਾਸਕਟਬਾਲ ਗਰਾਊਂਡ, ਕ੍ਰਿਕੇਟ ਕਬੱਡੀ ਤੋਂ ਇਲਾਵਾ ਹੋਰ ਕਈ ਤਰ੍ਹਾਂ ਦੀਆਂ ਖੇਡਾਂ ਕਰਵਾਈਆਂ ਜਾ ਸਕਦੀਆਂ ਹਨ। ਫੁੱਟਬਾਲ ਗਰਾਉਂਡ ਲਈ ਵਿਸ਼ੇਸ਼ ਤੌਰ 'ਤੇ ਫੀਫਾ ਤੋਂ ਮਨਜ਼ੂਰੀ ਲਈ ਗਈ ਹੈ।

ਇਸ ਮੌਕੇ ਪ੍ਰਧਾਨ ਮੰਤਰੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਬੇਸ਼ੱਕ ਸਾਡੇ ਮੁਲਕ ਵਿਚ ਸਿੱਖ ਭਾਈਚਾਰੇ ਦੀ ਗਿਣਤੀ ਥੋੜੀ ਹੈ ਪਰ ਇਸ ਦੇ ਬਾਵਜੂਦ ਸਿੱਖ ਭਾਈਚਾਰੇ ਵਿਚ ਕੀਤੇ ਕਾਰਜਾਂ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਕੋਰੋਨਾ ਕਾਲ ਦੌਰਾਨ ਵੀ ਸਿੱਖ ਸੁਪਰੀਮ ਸੁਸਾਇਟੀ ਵੱਲੋਂ ਕੀਤੇ ਗਏ ਕਾਰਜ ਸ਼ਲਾਘਾਯੋਗ ਹਨ, ਇਸੇ ਕਾਰਨ ਹੀ ਉਹ ਹਮੇਸ਼ਾਂ ਸਿੱਖ ਭਾਈਚਾਰੇ ਦੇ ਸਮਾਗਮਾਂ ਵਿਚ ਸ਼ਾਮਲ ਹੋਣ ਲਈ ਤਿਆਰ ਬਰ ਤਿਆਰ ਰਹਿੰਦੇ ਹਨ। ਸਮਾਗਮ ਵਿਚ ਮਾਈਗ੍ਰੇਂਟਸ ਦਾ ਮੁੱਦਾ ਵੀ ਪੂਰੀ ਗੰਭੀਰਤਾ ਨਾਲ ਚੁੱਕਿਆ ਗਿਆ। ਜਿਸ ਵਿਚ ਆਕਲੈਂਡ ਦੇ ਮੇਅਰ ਫਿਲ ਗੌਫ ਦੀ ਅਗਵਾਈ ਵਿਚ ਇੱਕ ਵਿਸ਼ੇਸ਼ ਕਮੇਟੀ ਬਣਾਈ ਗਈ, ਜੋ ਨਿਊਜ਼ੀਲੈਂਡ ਦੇ ਦੋ ਦਰਜਨ ਗੁਰਦੁਆਰਿਆਂ ਦੀ ਪ੍ਰਤੀਨਿਧਤਾ ਕਰੇਗੀ। ਇਸ ਮੌਕੇ ਪਾਰਨਰਸ਼ਿਪ ਵੀਜ਼ੇ ਬਾਰੇ ਵੀ ਚਰਚਾ ਕੀਤੀ ਗਈ ਤਾਂ ਜੋ ਪਰਿਵਾਰਾਂ ਦੇ ਅਲੱਗ ਹੋ ਚੁੱਕੇ ਜੀਅ ਆਪਸ ਵਿਚ ਮੁੜ ਮਿਲ ਸਕਣ। ਨਿਊਜ਼ੀਲੈਂਡ ਦੇ ਬਾਹਰ ਜਿੰਨਾਂ ਦੇ ਵੀਜ਼ੇ ਮੁੱਕ ਚੁੱਕੇ ਹਨ ਜਾਂ ਖ਼ਤਮ ਹੋਣ ਵਾਲੇ ਹਨ, ਉਨ੍ਹਾਂ ਦੇ ਵੀਜ਼ਾ ਆਟੋ ਮੈਟਿਕ ਵਧਾਏ ਜਾਣ ਦੀ ਵੀ ਮੰਗ ਕੀਤੀ ਗਈ। ਇਥੇ ਜ਼ਿਕਰਯੋਗ ਹੈ ਕਿਬੀਤੇ 10 ਸਾਲਾਂ ਤੋਂ ਸਿੱਖ ,ਸਪੋਰਟਸ ਕੰਪਲੈਕਸ ਦੀ ਉਸਾਰੀ ਲਈ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਸਨ। 1989 ਤੋਂ ਸੰਸਥਾ ਵੱਲੋਂ ਇਥੇ ਸਿੱਖ ਹੈਰੀਟੇਜ ਸਕੂਲ ਦਾ ਪ੍ਰਬੰਧ ਵੀ ਦੇਖਿਆ ਜਾ ਰਿ; ਹੈ। ਹੁਣ ਸਕੂਲ ਦੇ ਬੱਚਿਆਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਅਤੇ ਸੁਚੱਜੇ ਜੀਵਨ ਲਈ ਪ੍ਰੇਰਿਤ ਕਰਨ ਲਈ ਇਹ ਕੰਪਲੈਕਸ ਬਣਾਇਆ ਗਿਆ ਹੈ, ਜੋ ਕਿ ਆਪਣੇ ਆਪ ਵਿਚ ਇਤਿਹਾਸਕ ਹੈ।

**ਸਿੱਖ ਸੁਪਰੀਮ ਸੁਸਾਇਟਂ ਵੱਲੋਂ ਪ੍ਰਧਾਨ ਮੰਤਰੀ ਕੋਲ ਪੰਜ ਕਕਾਰਾਂ ਦਾ ਮੁੱਦਾ ਚੁੱਕਦਿਆਂ ਮੰਗ ਕੀਤੀ ਗਈ ਕਿ ਸਿੱਖਾਂ ਨੂੰ ਜਨਤਕ ਥਾਵਾਂ 'ਤੇ ਇਨ੍ਹਾਂ ਨੂੰ ਪਹਿਨਣ ਲਈ ਕਾਨੂੰਨੀ ਹੱਕ ਦਿੱਤਾ ਜਾਵੇ। ਇਸ ਸਬੰਧੀ ਸਮੂਹ ਪਾਰਟੀਆਂ ਵੱਲੋਂ ਹਾਂ ਪੱਖ ਹੁੰਗਾਰਾ ਦਿੱਤਾ ਗਿਆ।**

## ਵਿਰੋਧੀ ਧਿਰ ਦੇ ਨੇਤਾ ਵਿਚ ਸਮਾਗਮ ਵਿਚ ਵਿਸ਼ੇਸ਼ ਤੌਰ 'ਤੇ ਹੋਏ ਹਾਜ਼ਰ



ਆਕਲੈਂਡ : (ਐਨ. ਜ਼ੈਡ. ਤਸਵੀਰ) : ਸਿੱਖ ਸੁਪਰੀਮ ਸੁਸਾਇਟੀ ਵੱਲੋਂ ਕਰਵਾਏ ਗਏ ਸਿੱਖ ਸਪੋਰਟਸ ਕੰਪਲੈਕਸ ਦੇ ਸਮਾਗਮਾਂ ਵਿਚ ਵਿਰੋਧੀ ਧਿਰ ਦੇ ਨੇਤਾ ਜੁਡਿਤ ਕੋਲਿਨ, ਕਮਲਜੀਤ ਸਿੰਘ ਬਖਸ਼ੀ ਸਾਬਕਾ ਐਮ. ਪੀ., ਪਰਮਜੀਤ ਪਰਮਾਰ ਸਾਬਕਾ ਐਮ. ਪੀ., ਮਲੀਸਾ ਲੀ ਐਮ.ਪੀ. ਐਂਡਰਿਊ ਬੈਲੀ (ਐਮ. ਪੀ.) ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਐਂਡਰਿਊ ਬੇਲੀ ਨੇ ਉਚੇਚੇ ਤੌਰ 'ਤੇ ਦਸਤਾਰ ਸਜਾਈ ਹੋਈ ਸੀ। ਕੋਲਿਨ ਵੱਲੋਂ ਛੋਟੇ ਬੱਚਿਆਂ ਦੇ ਸਕੂਲ ਦਾ ਉਦਘਾਟਨ ਕੀਤਾ ਗਿਆ, ਇਸ ਉਪਰੰਤ ਉਨ੍ਹਾਂ ਮੈਚ ਅਤੇ ਸਟੇਜ ਤੋਂ ਸੰਬੋਧਨ ਵੀ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਨਵਤੇਜ ਰੰਧਾਵਾ ਵੱਲੋਂ ਨਿਭਾਈ ਗਈ। ਕੋਲਿਨ ਵਿਚ ਭਾਰਤ ਵਿਚ ਚੱਲ ਰਹੇ ਕਿਸਾਨ ਅੰਦੋਲਨ ਦੀ ਰੱਜਵੀਂ ਪ੍ਰਸੰਸਾ ਕੀਤੀ ਗਈ ਅਤੇ ਅੰਦੋਲਨ ਦੀ ਹਮਾਇਤ ਵੀ ਕੀਤੀ। ਉਨ੍ਹਾਂ ਵੱਲੋਂ ਪੰਜ ਕਕਾਰਾਂ ਨੂੰ ਪਾਰਲੀਮੈਂਟ ਵਿਚ ਪਾਸ ਕਰਵਾਉਣ ਦੇ ਨਾਲ ਨਾਲ ਇਮੀਗ੍ਰੇਸ਼ਨ ਸਬੰਧੀ ਆ ਰਹੀਆਂ ਅੜਚਨਾ ਨੂੰ ਜਲਦ ਤੋਂ ਜਲਦ ਹੱਲ ਕਰਵਾਉਣ ਸਬੰਧੀ ਵਿਚ ਹਾਂ ਪੱਖੀ ਹੁੰਗਾਰਾ ਦਿੱਤਾ ਗਿਆ।

## ਸਿੱਖ ਸੁਪਰੀਮ ਸੁਸਾਇਟੀ ਵੱਲੋਂ ਗੋਪਾ ਬੈਂਸ ਨੂੰ ਦਿੱਤਾ ਗਿਆ ਕਮਿਊਨਿਟੀ ਐਵਾਰਡ



ਆਕਲੈਂਡ (ਐਨ .ਜ਼ੈਡ. ਤਸਵੀਰ) ਸਿੱਖ ਸੁਪਰੀਮ ਸੁਸਾਇਟੀ ਕਿਵੀ ਕਿੰਗ ਵਜੋਂ ਜਾਣੇ ਜਾਂਦੇ ਗੁਰਵਿੰਦਰ ਸਿੰਘ ਜਿਸ ਨੂੰ ਪਿਆਰ ਨਾਲ ਗੋਪਾ ਬੈਂਸ ਵੀ ਕਿਹਾ ਜਾਂਦਾ ਹੈ ਨੂੰ ਕਮਿਊਨਿਟੀ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਸਨਮਾਨ ਵਜੋਂ ਗੋਪਾ ਬੈਂਸ ਨੂੰ ਇੱਕ ਕਿਲੋ ਚਾਂਦੀ ਦੀ ਇੱਟ ਅਤੇ 10 ਤੋਲੇ ਸੋਨੇ ਦਾ ਖੰਡਾ ਦਿੱਤਾ ਜਾਵੇਗਾ। ਇਹ ਫੈਸਲਾ ਸਿੱਖ ਸੁਪਰੀਮ ਸੁਸਾਇਟੀ ਵੱਲੋਂ ਸਰਬਸੰਮਿਤੀ ਨਾਲ ਲਿਆ ਗਿਆ ਹੈ। ਭਾਈ ਦਲਜੀਤ ਸਿੰਘ ਨੇ ਦੱਸਿਆ ਕਿ ਗੋਪਾ ਬੈਂਸ ਅਤੇ ਉਨ੍ਹਾਂ ਦੀ ਟੀਮ ਵੱਲੋਂ ਕਮਿਊਨਿਟੀ ਦੀ ਮਦਦ ਅਤੇ ਲੋੜਵੰਦਾਂ ਦੀ ਸਹਾਇਤਾ ਲਈ ਹਮੇਸ਼ਾਂ ਅੱਗੇ ਹੋ ਕੇ ਮਦਦ ਕੀਤੀ ਹੈ। ਉਨ੍ਹਾਂ ਦੱਸਿਆ ਕਿ ਸੁਸਾਇਟੀ ਵੱਲੋਂ ਕਰਵਾਏ ਜਾਂਦੇ ਅੰਤਰਰਾਸ਼ਟਰੀ ਕਬੱਡੀ ਟੂਰਨਾਮੈਂਟ ਵਿਚ ਸ੍. ਬੈਂਸ ਨੇ ਵਿਸ਼ੇਸ਼ ਯੋਗਦਾਨ ਦਿੱਤਾ ਸੀ ਅਤੇ ਉਨ੍ਹਾਂ ਕਿਹਾ ਸੀ ਕਿ ਇਹੋ ਜਿਹਾ ਯੋਗਦਾਨ ਉਹ ਅੱਗੇ ਵੀ ਦਿੰਦੇ ਰਹਿਣਗੇ। ਪੰਜਾਬ ਦੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਮਾਣਕਢੇਰੀ ਦੇ ਰਹਿਣ ਵਾਲੇ ਗੋਪਾ ਬੈਂਸ ਤਕਰੀਬਨ 19 ਸਾਲ ਪਹਿਲਾਂ ਨਿਊਜ਼ੀਲੈਂਡ ਆਏ ਸਨ ਅਤੇ ਹੁਣ ਉਹ ਟੀਪੁੱਕੀ ਵਿਖੇ ਸਫਲ



ਕਿਸਾਨ ਵਜੋਂ ਕਿਵੀ ਦੀ ਖੇਤੀਬਾੜੀ ਕਰ ਰਹੇ ਹਨ ਪੰਜਾਬੀਆਂ ਨੂੰ ਰੋਜ਼ਗਾਰ ਵੀ ਮੁਹੱਈਆ ਕਰਵਾ ਰਹੇ ਹਨ। ਇਥੇ ਜ਼ਿਕਰਯੋਗ ਹੈ ਕਿ ਸੁਪਰੀਮ ਸਿੱਖ ਸੁਸਾਇਟੀ ਵੱਲੋਂ ਗੋਪੇ ਬੈਂਸ ਨੂੰ ਜਿਸ ਟਰਾਫੀ ਨਾਲ ਸਨਮਾਨਿਤ ਕੀਤਾ ਗਿਆ , ਉਸਨੂੰ ਵਾਲੇ ਗੁਰਦੀਪ ਸਿੰਘ ਲੂਥਰ ਨੇ ਹੱਥੀ ਮੇਹਨਤ ਨਾਲ ਚਾਰ ਦਿਨ ਵਿੱਚ ਤਿਆਰ ਕੀਤਾ । ਗੁਰਦੀਪ ਸਿੰਘ ਲੂਥਰ ਕੋਲ ਸੁਨਿਆਰ ਹੋਣ ਨਾਲੋਂ ਵੱਧ ਕਲਾਕਾਰੀ ਹੈ । ਇਹੀ ਕਾਰਨ ਹੈ ਕਿ ਇੱਕ ਵਾਰ ਉਸਦੀ ਦੁਕਾਨ ਤੇ ਗਿਆ ਵਿਅਕਤੀ ਕਿਤੇ ਹੋਰ ਨਹੀਂ ਜਾਂਦਾ ।